# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ



## ਬਰੈਂਪਟਨ (ਕੈਨੇਡਾ) ਵਿਖੇ ਤਿੰਨ ਰੋਜ਼ਾ 12 ਵੀਂ ਵਰਲਡ ਪੰਜਾਬੀ ਕਾਨਫਰੰਸ 17 ਤੋਂ 19 ਜੁਲਾਈ ਲਈ ਤਿਆਰੀਆਂ ਸ਼ੁਰੂ

### ਦੇਸ਼ਾਂ, ਵਿਦੇਸ਼ਾਂ ਦੇ ਚਿੰਤਕ, ਬੁੱਧੀਜੀਵੀ ਤੇ ਸਾਹਿਤਕਾਰ ਹੋਣਗੇ ਹਾਜ਼ਰ

ਵਰਲਡ ਪੰਜਾਬੀ ਟਾਈਮਜ਼ ਹਰਦੇਵ ਚੌਹਾਨ

ਚੰਡੀਗੜ੍ਹ, 15 ਮਾਰਚ : ਜਗਤ ਪੰਜਾਬੀ ਸਭਾ, ਬਰੈਂਪਟਨ (ਕੈਨੇਡਾ) ਵੱਲੋਂ ਤਿੰਨ ਰੋਜ਼ਾ 12 ਵੀਂ ਵਰਲਡ ਪੰਜਾਬੀ ਕਾਨਫਰੰਸ 17 ਤੋਂ19 ਜੁਲਾਈ, 2026 ਨੂੰ ਕਰਵਾਉਣ ਦਾ ਫੈਸਲਾ ਕੀਤਾ ਗਿਆ। ਇਸ ਸੰਬੰਧੀ ਸਭਾ ਦੇ ਦਫ਼ਤਰ 134, ਕੈਨੇਡੀ ਰੋਡ, ਬਰੈਂਮਟਨ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਹੋਈ ਜਿਸ ਵਿੱਚ ਸਭਾ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਨੇ ਭਾਗ ਲਿਆ।

ਮੀਟਿੰਗ ਦੀ ਪ੍ਰਧਾਨਗੀ ਸਭਾ ਦੇ ਚੇਅਰਮੈਨ ਸਰਦਾਰ ਅਜੈਬ ਸਿੰਘ ਚੱਠਾ ਅਤੇ ਸੈਕਟਰੀ ਸਰਦਾਰ ਸੰਤੋਖ ਸਿੰਘ ਸੰਧੂ ਨੇ ਕੀਤੀ। ਇਸ ਦੌਰਾਨ ਕਾਨਫਰੰਸ ਦੀ ਸਫਲਤਾ ਲਈ ਕਾਰਜਕਾਰੀ ਕਾਨਫਰੰਸ ਕਮੇਟੀ ਦਾ ਗਠਨ ਕੀਤਾ ਗਿਆ ਅਤੇ ਮੈਂਬਰਾਂ ਵਿੱਚ ਵੱਖ-ਵੱਖ ਜ਼ਿੰਮੇਵਾਰੀਆਂ ਵੰਡੀਆਂ ਗਈਆਂ।




ਮੀਟਿੰਗ ਵਿੱਚ ਜਗਤ ਪੰਜਾਬੀ ਸਭਾ ਦੇ ਇਸਤਰੀ ਵਿੰਗ ਨੇ ਵੀ ਭਾਗ ਲਿਆ। ਇਸ ਮੌਕੇ ਬਲਵਿੰਦਰ ਕੌਰ ਚੱਠਾ, ਰੁਪਿੰਦਰ ਕੌਰ ਸੰਧੂ, ਤ੍ਰਿਪਤਾ ਸੋਢੀ, ਅਮਨਦੀਪ ਕੌਰ ਗਿੱਲ, ਸਹਿਜ ਕੌਰ ਅਤੇ ਮਨਦੀਪ ਕੌਰ ਮਾਂਗਟ ਸਮੇਤ ਹੋਰ ਸਾਹਿਤਕ ਬੀਬੀਆਂ ਮੌਜੂਦ ਰਹੀਆਂ।

ਇਸ ਤੋਂ ਇਲਾਵਾ ਮੀਟਿੰਗ 'ਚ ਸਰਦਾਰ ਪਿਆਰਾ ਸਿੰਘ ਕੁੱਦੋਵਾਲ, ਗੁਰਵੇਲ ਸਿੰਘ, ਗੁਰਦਰਸ਼ਨ ਸਿੰਘ ਸੀਰਾ, ਸੰਜੀਤ ਸਿੰਘ, ਹੈਪੀ ਮਾਂਗਟ ਪਰਿਵਾਰ,ਮੁਖਿੰਦਰ ਸਿੰਘ ਸੋਢੀ, ਸਾਹਿਬ ਸਿੰਘ ਮਾਂਗਟ ਆਦਿ ਮੈਂਬਰਾਂ ਨੇ ਭਾਗ ਲਿਆ ਅਤੇ ਕਾਨਫਰੰਸ ਨੂੰ ਸਫਲ ਬਣਾਉਣ ਲਈ ਆਪਣੇ ਸੁਝਾਅ ਦਿੱਤੇ।

ਮੀਟਿੰਗ ਦੌਰਾਨ ਸਰਦਾਰ ਤਰਲੋਚਨ ਸਿੰਘ ਅਟਵਾਲ ਨੂੰ ਸਰਬਸੰਮਤੀ ਨਾਲ ਇਸ ਕਾਨਫਰੰਸ ਦਾ ਪ੍ਰਧਾਨ ਚੁਣਿਆ ਗਿਆ। ਅਮਰ ਸਿੰਘ ਭੁੱਲਰ ਨੂੰ ਸਰਪ੍ਰਸਤ ਤੇ ਹਰਦੇਵ ਚੌਹਾਨ (ਚੰਡੀਗੜ੍ਹ) ਨੂੰ ਮੀਡੀਆ ਇਨਚਾਰਜ ਐਲਾਨਿਆ ਗਿਆ ।

ਇਸ ਮੌਕੇ ਚੇਅਰਮੈਨ ਸਰਦਾਰ ਅਜੈਬ ਸਿੰਘ ਚੱਠਾ ਨੇ ਸਮੁੱਚੇ ਪੰਜਾਬੀ ਜਗਤ ਨੂੰ ਅਪੀਲ ਕੀਤੀ ਕਿ 17, 18 ਅਤੇ 19 ਜੁਲਾਈ 2026 ਨੂੰ ਹੋਣ ਵਾਲੀ ਇਸ ਵਿਸ਼ਵ ਪੱਧਰੀ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਪੰਜਾਬੀ ਭਾਸ਼ਾ, ਸਭਿਆਚਾਰ ਅਤੇ ਵਿਰਾਸਤ ਨੂੰ ਮਜ਼ਬੂਤ ਕਰਨ ਲਈ ਆਪਣਾ ਯੋਗਦਾਨ ਪਾਇਆ ਜਾਵੇ।

ਵੇਲੇ, ਵੇਲੇ ਕਾਨਫਰੰਸ ਦੇ ਹੋਰ ਪ੍ਰੋਗਰਾਮਾਂ ਦਾ ਵਿਸਥਾਰਿਤ ਵੇਰਵਾ ਸੋਸ਼ਲ ਮੀਡੀਆ, ਮੈਨਸਟਰੀਮ ਮੀਡੀਆ, ਅਖਬਾਰਾਂ ਅਤੇ ਹੋਰ ਮਾਧਿਅਮਾਂ ਰਾਹੀਂ ਪੰਜਾਬੀ ਭਾਈਚਾਰੇ ਤੱਕ ਪਹੁੰਚਾਇਆ ਜਾਵੇਗਾ।

## ਪੈਨਸ਼ਨਰ ਆਪਣੇ ਡਿਜ਼ੀਟਲ ਲਾਈਫ ਸਰਟੀਫਿਕੇਟ 31 ਮਾਰਚ ਤੱਕ ਜਮ੍ਹਾਂ ਕਰਵਾਉਣ- ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਸਨੇਹ ਲਤਾ

### ਕਿਹਾ, ਮੈਨੂਅਲ ਲਾਈਫ ਸਰਟੀਫਿਕੇਟ ਮੰਨੇ ਨਹੀਂ ਜਾਣਗੇ

### ਪੈਨਸ਼ਨਰ 1076 ਨੰਬਰ 'ਤੇ ਕਾਲ ਕਰਕੇ ਡੋਰ-ਸਟੈਪ ਸੇਵਾ ਵੀ ਪ੍ਰਾਪਤ ਕਰ ਸਕਦੇ ਹਨ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 15 ਮਾਰਚ : ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਪਟਿਆਲਾ ਸਨੇਹ ਲਤਾ ਨੇ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਡਿਜ਼ੀਟਲ ਲਾਈਫ ਸਰਟੀਫਿਕੇਟ 31 ਮਾਰਚ ਤੱਕ ਜਮ੍ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਵੀ ਬੈਂਕਾਂ ਵਿੱਚ ਮੈਨੁਅਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਏ ਜਾ ਰਹੇ ਹਨ, ਜੋ ਹੁਣ ਮੰਨੇ ਨਹੀਂ ਜਾਣਗੇ।

ਸਨੇਹ ਲਤਾ ਨੇ ਕਿਹਾ ਕਿ ਆਪਣੀ ਪੈਨਸ਼ਨ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਸਮੂਹ ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਨਜ਼ਦੀਕੀ, ਸਬੰਧਤ ਬੈਂਕ ਸ਼ਾਖਾ, ਖਜ਼ਾਨਾ ਦਫ਼ਤਰ ਜਾਂ ਸੇਵਾ ਕੇਂਦਰ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਪੈਨਸ਼ਨਰ ਰਾਜ ਸਰਕਾਰ ਦੀ "ਘਰ ਬੈਠੇ ਸੇਵਾ" ਦਾ ਲਾਭ ਲੈਂਦੇ ਹੋਏ 1076 ਨੰਬਰ 'ਤੇ ਕਾਲ ਕਰਕੇ ਡੋਰ-ਸਟੈਪ ਸੇਵਾ ਵੀ ਪ੍ਰਾਪਤ ਕਰ ਸਕਦੇ ਹਨ ਜਾਂ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਘਰ ਬੈਠੇ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ।

ਜ਼ਿਲ੍ਹਾ ਖ਼ਜ਼ਾਨਾ ਅਫ਼ਸਰ (ਡੀਟੀਓ) ਪਟਿਆਲਾ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ 2026 ਤੋਂ ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਪੈਨਸ਼ਨ ਦੀ ਅਦਾਇਗੀ ਵਿੱਚ ਕੋਈ ਰੁਕਾਵਟ ਨਾ ਆਵੇ।

## ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਵਜੋਂ ਡਾ. ਸਰਬਜੀਤ ਸਿੰਘ ਭਾਰੀ ਬਹੁਮੱਤ ਨਾਲ ਜੇਤੂ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ : 15 ਮਾਰਚ : ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਦੀ ਚੋਣ 15 ਮਾਰਚ, 2026 ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਈ। ਪ੍ਰਧਾਨ ਦੇ ਅਹੁਦੇ ਲਈ ਡਾ. ਸਰਬਜੀਤ ਸਿੰਘ 526 ਵੋਟਾਂ ਨਾਲ ਜੇਤੂ ਬਣੇ ਜਦ ਕਿ ਅਮਰ ਗਰਗ ਕਲਮਦਾਨ ਨੂੰ 35 ਵੋਟਾਂ ਮਿਲੀਆਂ। 8 ਵੋਟਾਂ ਰੱਦ ਹੋਈਆਂ। ਮੁੱਖ ਚੋਣ ਅਧਿਕਾਰੀ ਸ੍ਰੀ ਵਿਜੇ ਕੁਮਾਰ ਦੱਤਾ, ਸਹਾਇਕ ਚੋਣ ਅਧਿਕਾਰੀ ਡਾ. ਬਲਵਿੰਦਰ ਸਿੰਘ ਔਲਖ ਗਲੈਕਸੀ ਅਤੇ ਡਾ. ਕੁਲਵਿੰਦਰ ਕੌਰ ਮਿਨਹਾਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੀ ਚੋਣ ਵਿਚ ਭਾਗ ਨਾ ਲੈਣ ਵਾਲੇ ਮੈਂਬਰਾਂ ਵਲੋਂ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਡਾ. ਪਾਲ ਕੌਰ ਸੀਨੀਅਰ ਮੀਤ ਪ੍ਰਧਾਨ, ਡਾ. ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ, ਮੀਤ ਪ੍ਰਧਾਨਾਂ 'ਚ ਸ੍ਰੀ ਜਸਪਾਲ ਮਾਨਖੇੜਾ, ਸ. ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ ਅਤੇ ਸੁਰਿੰਦਰ ਕੌਰ ਨੀਰ, ਪ੍ਰਬੰਧਕੀ ਬੋਰਡ ਵਿਚ ਡਾ. ਹਰੀ ਸਿੰਘ ਜਾਚਕ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਸਿਮਰਜੀਤ ਕੌਰ ਗਿੱਲ, ਪ੍ਰੋ. ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ,ਪ੍ਰਭਜੋਤ ਸੋਹੀ, ਨਵਤੇਜ ਗੜ੍ਹਦੀਵਾਲਾ, ਡਾ. ਹਰਵਿੰਦਰ ਸਿੰਘ ਸਿਰਸਾ, ਅੰਮੀਆ ਕੁੰਵਰ, ਤ੍ਰੈਲੋਚਨ ਲੋਚੀ, ਰਜਿੰਦਰ ਸਿੰਘ ਰਾਜਨ, ਦੀਪ ਜਗਦੀਪ ਸਿੰਘ, ਮੱਖਣ ਮਾਨ ਤੇ ਰੋਜ਼ੀ ਸਿੰਘ ਬਿਨਾਂ ਮੁਕਾਬਲਾ ਜੇਤੂ ਬਣੇ।




ਸਮੂਹ ਜੇਤੂ ਉਮੀਦਵਾਰਾਂ ਨੂੰ ਡਾ. ਸ ਸ ਜੌਹਲ, ਡਾ. ਐੱਸ ਪੀ ਸਿੰਘ, ਡਾ. ਸੁਰਿੰਦਰ ਗਿੱਲ,ਡਾ. ਰਘਬੀਰ ਸਿੰਘ ਸਿਰਜਣਾ, ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਲਖਵਿੰਦਰ ਜੌਹਲ, ਦਰਸ਼ਨ ਬੁੱਟਰ, ਸੁਸ਼ੀਲ ਦੋਸਾਂਝ, ਸ਼ਮਸ਼ੇਰ ਸਿੰਘ ਸੰਧੂ,ਡਾ. ਵਰਿਆਮ ਸਿੰਘ ਸੰਧੂ, ਬਲਦੇਵ ਸਿੰਘ ਸੜਕਨਾਮਾ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਭੱਠਲ, ਪ੍ਰਿੰਸੀਪਲ ਸਰਵਣ ਸਿੰਘ, ਕਿਰਪਾਲ ਕਜ਼ਾਕ, ਡਾ. ਸਵਰਾਜਬੀਰ, ਜਸਵੰਤ ਜ਼ਫ਼ਰ, ਡਾ. ਨਿਰਮਲ ਜੌੜਾ, ਇੰਦਰਜੀਤ ਕੌਰ ਭਿੰਡਰ,ਪਵਨ ਹਰਚੰਦਪੁਰੀ, ਪ੍ਰੋ. ਸੰਧੂ ਵਰਿਆਣਵੀ, ਭੁਪਿੰਦਰ ਸਿੰਘ ਮੱਲ੍ਹੀ, ਮੋਹਨ ਗਿੱਲ ਤੇ ਪ੍ਰੋ. ਸੰਤੋਖ ਸਿੰਘ ਔਜਲਾ ਨੇ ਮੁਬਾਰਕ ਦਿੱਤੀ ਹੈ।

## ਤਰਕਸ਼ੀਲ (ਰੈਸ਼ਨਲਿਸਟ) ਸੁਸਾਇਟੀ ਕੈਨੇਡਾ ਦੇ ਸਰਪ੍ਰਸਤ ਬਾਈ ਅਵਤਾਰ ਸਦੀਵੀ ਵਿਛੋੜਾ ਦੇ ਗਏ

### 15 ਮਾਰਚ ਨੂੰ ਲੁਧਿਆਣਾ ਵਿਖੇ ਉਨ੍ਹਾਂ ਦੀ ਦੇਹ ਖੋਜ ਕਾਰਜਾਂ ਲਈ ਦਾਨ ਕੀਤਾ ਜਾਵੇਗੀ

### ਸਰੀ ਵਿਖੇ ਹੋਵੇਗੀ ਸ਼ੋਕ ਸਭਾ ਕੱਲ੍ਹ 15 ਮਾਰਚ ਨੂੰ ਦੁਪਹਿਰ 12 ਵਜੇ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 15 ਮਾਰਚ : ਤਰਕਸ਼ੀਲ (ਰੈਸ਼ਨਲਿਸਟ) ਸੁਸਾਇਟੀ ਕੈਨੇਡਾ ਦੇ ਸਰਪ੍ਰਸਤ ਬਾਈ ਅਵਤਾਰ ਕੱਲ੍ਹ ਸਾਡੇ ਤੋ ਸਦਾ ਲਈ ਵਿਛੜ ਗਏ ਹਨ। ਬਾਈ ਅਵਤਾਰ ਦਾ ਸਮੁੱਚਾ ਜੀਵਨ ਵਧੀਆ, ਬਰਾਬਰੀ ਅਤੇ ਨਿਆਂ ਅਧਾਰਤ ਸਮਾਜ ਦੀ ਸਿਰਜਣਾ ਲਈ ਲੋਕ ਸੰਘਰਸ਼ਾਂ ਦੇ ਲੇਖੇ ਲੱਗਿਆ। ਉਹ ਕਰੀਬ 1970 ਵਿੱਚ ਪੰਜਾਬ ਰਾਜ ਬਿਜਲੀ ਬੋਰਡ ਵਿੱਚ ਕੰਮ ਕਰਦੇ ਸਮੇਂ ਟੈਕਨੀਕਲ ਸਰਵਿਸ ਯੂਨੀਅਨ ਵਿੱਚ ਸਰਗਰਮ ਹੋਏ। ਉਨਾਂ ਲੁਧਿਆਣਾ ਸਰਕਲ ਵਿੱਚ ਲੜੀਆਂ ਲੋਕ ਲਹਿਰਾਂ ਵਿੱਚ ਅਹਿਮ ਯੋਗਦਾਨ ਪਾਇਆ।

ਨੱਬੇਵਿਆਂ ਵਿੱਚ ਕੈਨੇਡਾ ਆਉਣ ਤੇ ਉਹ ਵੈਨਕੂਵਰ-ਸਰੀ ਦੀ ਤਰਕਸ਼ੀਲ ਲਹਿਰ ਵਿੱਚ ਸ਼ਾਮਲ ਹੋਏ ਤੇ ਤਿੰਨ ਦਹਾਕਿਆਂ ਦੇ ਲੰਮੇਂ ਸਮੇਂ ਤੱਕ ਉਹ ਤਰਕਸ਼ੀਲ ਲਹਿਰ ਵਿੱਚ ਆਗੂ ਭੂਮਿਕਾ ਨਿਭਾਉਂਦੇ ਰਹੇ। ਉਨਾਂ ਤਰਕਸ਼ੀਲ (ਰੈਸ਼ਨਲਿਸਟ) ਸੁਸਾਇਟੀ ਨੂੰ ਕੈਨੇਡਾ ਵਿੱਚ ਕੌਮੀ ਪੱਧਰ ਤੇ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

ਪਿਛਲੇ ਕੁਝ ਸਮੇਂ ਤੋਂ ਉਹ ਆਪਣੇ ਪਰਿਵਾਰ ਨਾਲ ਜਗਰਾਓਂ ਨੇੜਲੇ ਪਿੰਡ ਗਏ ਸਨ ਅਤੇ ਜਿੱਥੇ ਉਨ੍ਹਾਂ 'ਜੱਗ ਜਿਉਂਦਿਆਂ ਦੇ ਮੇਲੇ' ਪ੍ਰੋਗਰਾਮ ਕਰਨਾ ਕੇ ਆਪਣੇ ਇਨਕਲਾਬੀ ਜਮਹੂਰੀ, ਤਰਕਸ਼ੀਲ ਲਹਿਰ ਦੋਰਾਨ ਰਹੇ ਸੰਗੀਆਂ ਸਾਥੀਆਂ ਅਤੇ ਆਪਣੇ ਰਿਸ਼ਤੇਦਾਰਾਂ ਨਾਲ ਮੇਲ ਮਿਲਾਪ ਕਰਨਾ ਸੀ। ਤਰਕਸ਼ੀਲ (ਰੈਸ਼ਨਲਿਸਟ) ਸੁਸਾਇਟੀ ਕੈਨੇਡਾ ਵਲੋਂ ਉਨ੍ਹਾਂ ਦੇ ਲਹਿਰ ਨੂੰ ਪਾਏ ਵਡਮੁੱਲੇ ਯੋਗਦਾਨ ਲਈ ਸਨਮਾਨਿਤ ਕੀਤਾ ਜਾਣਾ ਸੀ।

ਤਰਕਸ਼ੀਲ ਸੁਸਾਇਟੀ ਕੈਨੇਡਾ ਦੇ ਪ੍ਰਧਾਨ ਬਲਦੇਵ ਰਹਿਪਾ ਅਨੁਸਾਰ ਬਾਈ ਅਵਤਾਰ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ 20 ਮਾਰਚ ਦੇ ਜਗਰਾਓਂ ਵਿਖੇ ਉਲੀਕੇ ਪਹਿਲੇ ਪ੍ਰੋਗਰਾਮ ਨੂੰ ਸ਼ਰਧਾਂਜਲੀ ਸਮਾਗਮ ਵਿੱਚ ਬਦਲ ਦਿੱਤਾ ਗਿਆ ਹੈ। ਤਰਕਸ਼ੀਲ ਸੁਸਾਇਟੀ ਬਾਈ ਅਵਤਾਰ ਦੀ ਸਮੁੱਚੀ ਜੀਵਨ ਘਾਲਣਾ ਦੇ ਜਸ਼ਨਾਂ ਵਿੱਚ ਸ਼ਾਮਲ ਹੋਏਗੀ।

ਬਾਈ ਅਵਤਾਰ ਦੀ ਇੱਛਾ ਅਨੁਸਾਰ ਉਨਾਂ ਦੀਆਂ ਅੰਤਮ ਰਸਮਾਂ ਸਮੇਂ ਕੋਈ ਧਾਰਮਿਕ ਰਹੁ ਰੀਤ ਨਾ ਕਰਦੇ ਹੋਏ ਉਨਾਂ ਦੀ ਦੇਹ ਨੂੰ ਕੱਲ੍ਹ 15 ਮਾਰਚ ਨੂੰ ਲੁਧਿਆਣਾ ਦੇ ਈ ਐਸ ਆਈ ਹਸਪਤਾਲ ਵਿੱਚ ਖੋਜ ਕਾਰਜਾਂ ਲਈ ਦਾਨ ਕੀਤਾ ਜਾਵੇਗਾ। ਇਸ ਸਮੇਂ ਉਨ੍ਹਾਂ ਦਾ ਪਰਿਵਾਰ, ਇਨਕਲਾਬੀ ਜਮਹੂਰੀ ਅਤੇ ਕੈਨੇਡਾ ਅਤੇ ਪੰਜਾਬ ਦੀ ਤਰਕਸ਼ੀਲ ਲਹਿਰ ਦੇ ਆਗੂ ਸ਼ਾਮਲ ਹੋਣਗੇ।

ਅਵਤਾਰ ਬਾਈ ਦੇ ਵਿਛੋੜੇ ਨਾਲ ਜਿੱਥੇ ਪਰਿਵਾਰ ਨੂੰ ਸਦਮਾ ਲੱਗਿਆ ਓਥੇ ਲੋਕ ਲਹਿਰਾਂ ਲਈ ਵੀ ਨਾ ਪੂਰਿਆ ਜਾ ਸਕਣ ਵਾਲਾ ਘਾਟਾ ਪਿਆ। ਤਰਕਸ਼ੀਲ ਸੁਸਾਇਟੀ ਕਨੇਡਾ ਦੀਆਂ ਸਮੂਹ ਇਕਾਈਆਂ, ਨੈਸ਼ਨਲ ਐਗਜੈਕਟਿਵ ਦੇ ਮੈਬਰਾਨ, ਅਹੁਦੇਦਾਰ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਦੁੱਖ ਵਿੱਚ ਸ਼ਰੀਕ ਹਨ। ਮੀਡੀਆ ਸਕੱਤਰ ਸੁਰਿੰਦਰ ਚਾਹਲ ਨੇ ਦੱਸਿਆ ਹੈ ਕਿ ਤਰਕਸ਼ੀਲ ਸੁਸਾਇਟੀ ਦੇ ਐਬਟਸਫੋਰਡ ਅਤੇ ਸਰੀ ਦੇ ਯੂਨਿਟ ਰਲ ਕੇ ਬਾਈ ਅਵਤਾਰ ਦੀ ਯਾਦ ਵਿੱਚ ਸ਼ੋਕ ਸਭਾ ਕੱਲ੍ਹ 15 ਮਾਰਚ ਨੂੰ ਦੁਪਹਿਰ 12 ਵਜੇ ਸਰੀ ਦੇ ਪ੍ਰੋਗਰੈਸਿਵ ਕਲਚਰਲ ਸੈਂਟਰ (7536, 130 ਸਟਰੀਟ) ਸਰੀ ਵਿਖੇ ਕੀਤੀ ਜਾ ਰਹੀ ਹੈ।

## ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਬਲਾਕ ਕੋਟਕਪੂਰਾ ਵਿਖੇ ਸਰੀਰਕ ਅਤੇ ਮਾਨਸਿਕ ਸਿਹਤ ਗਤੀਵਿਧੀਆਂ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼




ਕੋਟਕਪੂਰਾ 15 ਮਾਰਚ : ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੈਡਮ ਪੂਨਮਦੀਪ ਕੌਰ ਡਿਪਟੀ ਕਮਿਸ਼ਨਰ ਫਰੀਦਕੋਟ ਦੀ ਯੋਗ ਅਗਵਾਈ ਹੇਠ ਅਤੇ ਸ੍ਰੀਮਤੀ ਰਤਨਦੀਪ ਸੰਧੂ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਫਰੀਦਕੋਟ ਦੇ ਯਤਨਾਂ ਸਦਕਾ 13 ਮਾਰਚ 2026 ਦਿਨ ਸ਼ੁੱਕਰਵਾਰ ਨੂੰ ਡੇਰਾ ਬਾਬਾ ਦਰਿਆ ਗਿਰੀ ਜੀ, ਕੋਟਕਪੂਰਾ ਵਿਖੇ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਬਜ਼ੁਰਗਾਂ ਲਈ ਸਰੀਰਕ ਅਤੇ ਮਾਨਸਿਕ ਸਿਹਤ ਸੰਬੰਧੀ ਵਿਸ਼ੇਸ਼ ਗਤੀਵਿਧੀਆਂ ਦਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਸ਼੍ਰੀਮਤੀ ਗੁਰਮੇਲ ਕੌਰ ਮਾਤਾ ਵਿਧਾਨ ਸਭਾ ਸਪੀਕਰ ਪੰਜਾਬ ਨੇ ਬਜ਼ੁਰਗਾਂ ਦਾ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਬਜ਼ੁਰਗ ਸਮਾਜ ਦੀ ਅਨਮੋਲ ਧਰੋਹਰ ਹਨ ਅਤੇ ਉਨ੍ਹਾਂ ਦੀ ਸੇਵਾ ਅਤੇ ਸਤਿਕਾਰ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬਜ਼ੁਰਗਾਂ ਦੀ ਸਿਹਤ ਅਤੇ ਮਨੋਬਲ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਤ ਹੁੰਦੀਆਂ ਹਨ।



ਇਸ ਮੌਕੇ ਵੱਖ-ਵੱਖ ਤਰ੍ਹਾਂ ਦੀਆਂ ਗੇਮਾਂ ਕਰਵਾਈਆਂ ਗਈਆਂ ਜਿਵੇਂ ਕਿ ਬਾਲ ਬੈਲੇਂਸਿੰਗ, ਪੇਪਰ ਵਾਕ, ਬਾਲ ਕੈਚਿੰਗ ਵਿਦ ਬਾਸਕਿਟ, ਦਾਦਾ/ਦਾਦੀ – ਪੋਤਾ/ਪੋਤੀ ਰੈਂਪ ਵਾਕ, ਕਪਲ ਰੈਂਪ ਵਾਕ ਅਤੇ ਮੋਤੀ ਚਿਪਕਾ ਕੇ ਆਰਟ ਬਣਾਉਣਾ ਆਦਿ। ਇਨ੍ਹਾਂ ਗਤੀਵਿਧੀਆਂ ਵਿੱਚ ਮੌਕੇ 'ਤੇ ਸ਼ਾਮਲ ਹੋਏ ਬਜ਼ੁਰਗਾਂ ਨੇ ਆਪਣੇ ਪੋਤੇ-ਪੋਤੀਆਂ ਨਾਲ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ।

ਇਸ ਤੋਂ ਇਲਾਵਾ ਮਾਪਿਆਂ ਜਾਂ ਦਾਦਾ-ਦਾਦੀ ਲਈ ਸੁਨੇਹੇ ਲਿਖਣ ਲਈ ਇੱਕ ਵਿਸ਼ੇਸ਼ ਕੋਰਨਰ ਵੀ ਬਣਾਇਆ ਗਿਆ। ਇਸਦਾ ਇਸਤੇਮਾਲ ਕਰਦੇ ਹੋਏ ਪ੍ਰੋਗਰਾਮ ਵਿੱਚ ਪਹੁੰਚੇ ਭਾਗੀਦਾਰਾਂ ਨੇ ਆਪਣੇ ਮਾਪਿਆਂ ਅਤੇ ਦਾਦਾ-ਦਾਦੀ ਲਈ ਪਿਆਰ ਭਰੇ ਸੁਨੇਹੇ ਲਿਖ ਕੇ ਲਗਾਏ।

ਇਸ ਮੌਕੇ ਬਜ਼ੁਰਗਾਂ ਅਤੇ ਬੱਚਿਆਂ ਲਈ ਮਾਨਸਿਕ ਸਿਹਤ ਸੰਬੰਧੀ ਜਾਗਰੂਕਤਾ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਦੌਰਾਨ ਬਜ਼ੁਰਗਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ, ਸੰਤੁਲਿਤ ਖੁਰਾਕ ਲੈਣ ਅਤੇ ਨਿਯਮਿਤ ਕਸਰਤ ਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।

ਪ੍ਰੋਗਰਾਮ ਦੌਰਾਨ ਲਗਭਗ 193 ਬਜ਼ੁਰਗ ਅਤੇ ਬੱਚੇ ਹਾਜ਼ਰ ਰਹੇ ਜਿਨ੍ਹਾਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈ ਕੇ ਪ੍ਰੋਗਰਾਮ ਦਾ ਆਨੰਦ ਮਾਣਿਆ। ਹਾਜ਼ਰ ਬਜ਼ੁਰਗਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਉਨ੍ਹਾਂ ਨੂੰ ਸਮਾਜ ਨਾਲ ਜੋੜੇ ਰੱਖਣ ਦੇ ਨਾਲ-ਨਾਲ ਸਿਹਤਮੰਦ ਜੀਵਨ ਜੀਉਣ ਲਈ ਪ੍ਰੇਰਿਤ ਕਰਦੇ ਹਨ।

ਅੰਤ ਵਿੱਚ ਵਿਭਾਗ ਵੱਲੋਂ ਸਾਰੇ ਹਾਜ਼ਰੀਨ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਬਜ਼ੁਰਗਾਂ ਦੀ ਭਲਾਈ ਲਈ ਇਸ ਤਰ੍ਹਾਂ ਦੇ ਉਪਰਾਲੇ ਜਾਰੀ ਰੱਖਣ ਦਾ ਭਰੋਸਾ ਦਿੱਤਾ ਗਿਆ।